ਪੰਜਾਬ ਸਕੂਲ ਸਿੱਖਿਆ ਬੋਰਡ
ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062
(ਕਾਰਜ ਸੰਚਾਲਨ ਸ਼ਾਖਾ)

ਨੰ:ਪਸਸਬ-ਸਸ(ਕਸ)-2026/ 126
ਮਿਤੀ 30/06/2026

ਵੱਲ

ਸਮੂਹ ਕੇਂਦਰ ਸੁਪਰਡੰਟ,
ਦਸਵੀਂ ਅਤੇ ਬਾਰ੍ਹਵੀਂ ਅਨੁਪੂਰਕ ਪ੍ਰੀਖਿਆ ਜੁਲਾਈ-2026

ਵਿਸ਼ਾ **ਦਸਵੀਂ ਅਤੇ ਬਾਰਵੀਂ ਸ਼੍ਰੇਣੀ ਅਨੁਪੂਰਕ ਪਰੀਖਿਆ ਜੁਲਾਈ-2026 (ਕੰਪਾਰਟਮੈਂਟ/ਰੀ-ਅਪੀਅਰ ਵਾਧੂ ਵਿਸ਼ਾ) ਦੇ ਸੰਚਾਲਨ ਸਬੰਧੀ।**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਅਤੇ ਬਾਰਵੀਂ ਸ਼੍ਰੇਣੀ ਦੀਆਂ ਵਿਸ਼ਾ ਅੰਕਿਤ ਪਰੀਖਿਆਵਾਂ **ਮਿਤੀ 06-07-2026 ਤੋਂ 16-07-2026** ਤੱਕ ਸਵੇਰੇ **11.00** ਵਜੇ ਤੋਂ ਬੋਰਡ ਵੱਲੋਂ ਸਥਾਪਿਤ ਕੀਤੇ ਪਰੀਖਿਆ ਕੇਂਦਰਾਂ ਵਿਖੇ ਕਰਵਾਈਆਂ ਜਾ ਰਹੀਆਂ ਹਨ। ਦਸਵੀਂ ਅਤੇ ਬਾਰਵੀਂ ਸ਼੍ਰੇਣੀ ਨਾਲ ਸਬੰਧਤ ਪ੍ਰਸ਼ਨ ਪੱਤਰ ਸਮੇਤ ਸੁਪਰਡੰਟ ਪੈਕਟ **ਮਿਤੀ 03-07-2026** ਨੂੰ ਮੁੱਖ ਦਫਤਰ ਤੋਂ ਸਮੂਹ ਖੇਤਰੀ ਦਫਤਰਾਂ ਵਿਖੇ ਭੇਜੇ ਜਾਣਗੇ। **ਇਹ ਪ੍ਰਸ਼ਨ ਪੱਤਰ (ਸਮੇਤ ਡੀ.ਏ. ਕੋਡ) ਜਿਲ੍ਹਾ ਮੈਨੇਜਰ ਖੇਤਰੀ ਦਫਤਰ ਕਰਮਚਾਰੀਆਂ ਰਾਹੀਂ ਪ੍ਰਿੰਸੀਪਲ ਕਮ ਕੇਂਦਰ ਕੰਟਰੋਲਰ ਨੂੰ ਮਿਤੀ 04-07-2026 ਨੂੰ ਸੌਂਪਣ ਉਪਰੰਤ ਬੈਂਕਾਂ ਦੀ ਸੇਫ ਕਸਟੱਡੀ ਵਿੱਚ ਰੱਖੇ ਜਾਣੇ ਹਨ।**

ਪਰੀਖਿਆਵਾਂ ਨੂੰ ਸੁਚੱਜੇ ਢੰਗ ਨਾਲ ਕਰਵਾਉਂਣ ਲਈ ਹੇਠ ਲਿਖੇ ਅਨੁਸਾਰ ਪੁਖਤਾ ਪ੍ਰਬੰਧ ਕਰਵਾਏ ਜਾਣ:-

1. ਰੋਲ ਨੰ: ਸਲਿੱਪ ਤੋਂ ਬਿਨ੍ਹਾਂ ਕਿਸੇ ਪਰੀਖਿਆਰਥੀ ਨੂੰ ਪਰੀਖਿਆ ਕੇਂਦਰ ਵਿੱਚ ਦਾਖਲ ਨਾ ਹੋਣ ਦਿੱਤਾ ਜਾਵੇ।
2. ਜੇਕਰ ਪਰੀਖਿਆ ਦੌਰਾਨ ਕਿਸੇ ਵੀ ਤਰ੍ਹਾਂ ਦੀ ਮਹਾਂਮਾਰੀ ਦੇ ਕਾਰਨਾਂ ਕਰਕੇ ਅਣ-ਸੁਖਾਵਾਂ ਮਾਹੌਲ ਪੈਦਾ ਹੁੰਦਾ ਹੈ ਤਾਂ ਸਰਕਾਰ ਵੱਲੋਂ ਜਾਰੀ ਕੀਤੀਆਂ ਜਾਣ ਵਾਲੀਆਂ ਹਦਾਇਤਾਂ ਡਾਊਨਲੋਡ ਕੀਤੀਆਂ ਜਾਣ ਅਤੇ ਇਨ੍ਹਾਂ ਦੀ ਪਾਲਣਾ ਕੀਤੀ ਜਾਵੇ।
3. Transparent Bottle ਵਿੱਚ ਪਰੀਖਿਆਰਥੀ ਨੂੰ ਪਾਣੀ ਲਿਆਉਂਣ ਦੀ ਆਗਿਆ ਦਿੱਤੀ ਜਾਵੇ।
4. ਸੀਟਿੰਗ ਪਲਾਨ 28 ਪਰੀਖਿਆਰਥੀ ਪ੍ਰਤੀ ਕਮਰੇ ਦੇ ਹਿਸਾਬ ਨਾਲ ਕੀਤਾ ਜਾਵੇ।
5. ਪਰੀਖਿਆਰਥੀਆਂ ਲਈ ਪਰੀਖਿਆ ਕੇਂਦਰ ਵਿੱਚ ਇੱਕ ਘੰਟਾ ਪਹਿਲਾਂ ਪਹੁੰਚਣਾ ਲਾਜ਼ਮੀ ਕੀਤਾ ਗਿਆ ਹੈ।
6. ਸਕੂਲ ਲਾਗ-ਇੰਨ ਤੇ ਪਰੀਖਿਆਰਥੀਆਂ ਸਬੰਧੀ ਡਾਟਾ ਉਪਲੱਬਧ ਕਰਵਾਇਆ ਗਿਆ ਹੈ। ਕੇਂਦਰ ਕੰਟਰੋਲਰ ਤੋਂ ਡਾਟਾ, ਪੱਤਰ, ਹਸਤਾਖਰ ਚਾਰਟ, ਹਦਾਇਤਾਂ ਆਦਿ ਪ੍ਰਾਪਤ ਕੀਤੀਆਂ ਜਾਣ।
7. ਪਰੀਖਿਆ ਤੋਂ ਇੱਕ ਦਿਨ ਪਹਿਲਾਂ ਸਾਰੇ ਪ੍ਰਬੰਧ ਮੁਕੰਮਲ ਕਰਵਾਏ ਜਾਣ। ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।
8. ਹਰ ਰੋਜ਼ ਪਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਪ੍ਰਸ਼ਨ ਪੱਤਰ ਕਲਾਸ ਵਾਈਜ਼ ਬਹੁਤ ਹੀ ਧਿਆਨਪੂਰਵਕ ਡੇਟਸ਼ੀਟ ਤੇ ਦਰਜ ਵਿਸ਼ੇ / ਕੋਡ ਨੰਬਰ ਅਤੇ ਮਿਤੀ ਅਨੁਸਾਰ ਪ੍ਰਸ਼ਨ ਪੱਤਰਾਂ ਦੀਆਂ ਸੀਲਾਂ ਚੈੱਕ ਕਰਕੇ ਪਰੀਖਿਆ ਸ਼ੁਰੂ ਹੋਣ ਤੋਂ ਅੱਧਾ ਘੰਟਾ ਪਹਿਲਾਂ ਕੇਂਦਰ ਕੰਟਰੋਲਰ ਤੋਂ ਹਸਤਾਖਰਾਂ ਸਮੇਤ ਰਸੀਵਿੰਗ ਦੇਣ ਉਪਰੰਤ ਪ੍ਰਾਪਤ ਕੀਤੇ ਜਾਣ।
9. ਪ੍ਰਸ਼ਨ ਪੱਤਰਾਂ ਦੇ ਸੀਲਬੰਦ ਪੈਕਟ ਖੋਲ੍ਹਣ ਸਮੇਂ ਪ੍ਰਸ਼ਨ ਪੱਤਰ ਪੈਕਟ ਉੱਪਰ ਸਮਾਂ ਦਰਜ ਕਰਦੇ ਹੋਏ ਆਪਣੇ ਹਸਤਾਖਰਾਂ ਦੇ ਨਾਲ ਡਿਪਟੀ ਸੁਪਰਡੰਟ, ਦੋ ਨਿਗਰਾਂਨਾ ਅਤੇ ਦੋ ਵਿਦਿਆਰਥੀਆਂ ਦੇ ਹਸਤਾਖਰ ਕਰਵਾਉਂਣਾ ਯਕੀਨੀ ਬਣਾਇਆ ਜਾਵੇ।
10. ਪ੍ਰਸ਼ਨ ਪੱਤਰ ਅਤੇ ਉੱਤਰ ਪੱਤਰੀਆਂ ਦੀ ਮੋਨੀਟਰਿੰਗ ਅਤੇ ਟਰੈਕਿੰਗ ਲਈ ਮੋਬਾਇਲ ਐਪ PSEB-MATQ ਐਪ ਦੀ ਵਰਤੋਂ ਕਰਦੇ ਸਮੇਂ ਜੇਕਰ ਕਿਸੇ ਕਿਸਮ ਦੀ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਨਾਲ ਨੱਥੀ ਵਿੱਚ ਦਰਜ ਜ਼ਿਲ੍ਹੇ ਨਾਲ ਸਬੰਧਤ ਸੁਪਰਡੰਟ ਅਤੇ ਸਬੰਧਤ ਜ਼ਿਲ੍ਹਾ ਡੀਲਿੰਗ ਸੀਨੀਅਰ ਸਹਾਇਕ ਨਾਲ ਸੰਪਰਕ ਕੀਤਾ ਜਾਵੇ।
11. ਪਰੀਖਿਆ ਦੌਰਾਨ ਉਸ ਦਿਨ ਦੇ ਵਿਸ਼ੇ ਨਾਲ ਸਬੰਧਤ ਅਧਿਆਪਕ ਦੀ ਡਿਊਟੀ ਪਰੀਖਿਆ ਕੇਂਦਰ ਵਿੱਚ ਨਹੀਂ ਹੋਣੀ ਚਾਹੀਦੀ। ਨਿਗਰਾਨ ਅਮਲਾ ਸਬੰਧਤ ਸਕੂਲ ਦਾ ਹੀ ਹੋਵੇਗਾ। ਕੇਂਦਰ ਕੰਟਰੋਲਰ ਕੇਵਲ ਬਾਹਰੀ ਦਖਲ ਅੰਦਾਜੀ ਰੋਕਣ ਤੱਕ ਹੀ ਸੀਮਿਤ ਹੈ, ਕੇਂਦਰ ਕੰਟਰੋਲਰ ਪਰੀਖਿਆ ਸਮਾਪਤ ਹੋਣ ਉਪਰੰਤ ਹੀ ਪਰੀਖਿਆ ਕੇਂਦਰ ਵਿੱਚ ਦਾਖਲ ਹੋ ਸਕਦਾ ਹੈ। ਪਰੀਖਿਆ ਕੇਂਦਰ ਗਰਾਊਂਡ ਫਲੋਰ ਤੇ ਬਣਾਉਣ ਨੂੰ ਪਹਿਲ ਦਿੱਤੀ ਜਾਵੇ।
12. ਕੇਂਦਰ ਨਾਲ ਸਬੰਧਤ ਸਮੁੱਚਾ ਕੰਮ ਸਹਾਇਕ ਸੁਪਰਡੰਟ ਕਰੇਗਾ ਅਤੇ ਸੁਪਰਡੰਟ ਨਾਲ ਹਾਲ ਕਮਰੇ ਵਿੱਚ ਹੀ ਬੈਠੇਗਾ ਅਤੇ ਆਪਣੀ ਸੀਟ ਨਹੀਂ ਛੱਡੇਗਾ। ਨਿਗਰਾਨ ਅਮਲਾ ਅਤੇ ਪਰੀਖਿਆਰਥੀਆਂ ਦੀ ਹਾਜਰੀ ਦਾ ਰਿਕਾਰਡ ਅਤੇ ਪਰੀਖਿਆ ਦੀ ਸਮਾਪਤੀ ਤੇ ਸਮੁੱਚੇ ਬਿੱਲ ਤਿਆਰ ਕਰੇਗਾ।
13. ਉੱਤਰ ਪੱਤਰੀਆਂ ਤੇ ਕੰਟਰੋਲਰ ਪਰੀਖਿਆਵਾਂ ਦੀ ਮੋਹਰ ਤਿੰਨ ਪੰਨਿਆ ਤੇ ਲਗਾਉਂਣੀ ਯਕੀਨੀ ਬਣਾਈ ਜਾਵੇ।
14. ਨਿਗਰਾਨ ਅਮਲੇ ਨੂੰ ਹਦਾਇਤ ਕੀਤੀ ਜਾਵੇ ਕਿ **"ਨਿਗਰਾਨ ਵੱਲੋਂ ਪਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਟਾਈਟਲ ਪੰਨੇ ਦੇ ਪਿੱਛੇ ਉੱਤਰ-ਪੱਤਰੀ ਤੇ ਦਰਜ ਹਦਾਇਤਾਂ ਪਰੀਖਿਆਰਥੀਆਂ ਨੂੰ ਪੜ੍ਹ ਕੇ ਸੁਣਾਈਆਂ ਜਾਣ ਅਤੇ ਪਰੀਖਿਆ ਉਪਰੰਤ ਉੱਤਰ-ਪੱਤਰੀਆਂ ਇਕੱਤਰ ਕਰਦੇ ਸਮੇਂ ਇਹ ਯਕੀਨੀ ਬਣਾਇਆ ਜਾਵੇ ਕਿ ਉੱਤਰ-ਪੱਤਰੀ ਦਾ ਕੋਈ ਪੰਨਾ ਫਟਿਆ / ਮਿਸਿੰਗ ਨਹੀਂ ਹੈ"।**
15. ਲੋੜ ਅਨੁਸਾਰ ਖਾਲੀ ਕੰਟਰੋਲਰਡ ਉੱਤਰ ਪੱਤਰੀਆਂ ਕੇਂਦਰ ਕੰਟਰੋਲਰ ਤੋਂ ਪ੍ਰਾਪਤ ਕਰ ਲਈਆਂ ਜਾਣ। ਪਰੀਖਿਆ ਦੌਰਾਨ ਇਹਨਾਂ ਦੀ ਵਰਤੋਂ ਕੀਤੀ ਜਾਵੇ।
16. ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰਕੇ ਪ੍ਰੀਖਿਆ ਕੇਂਦਰ ਦੇ ਆਲੇ-ਦੁਆਲੇ ਧਾਰਾ 163 BNSS (Section 144 CRPC Corresponding to Section 163 of BNSS Urgent Cases of Nuisance) ਲਗਵਾਉਣ ਲਈ ਲੋਕਲ ਪ੍ਰਸ਼ਾਸਨ ਦੀ ਮੱਦਦ ਲਈ ਜਾਵੇ। ਡਿਊਟੀ ਤੇ ਤਾਇਨਾਤ ਕਿਸੇ ਵੀ ਪੁਲਿਸ ਕਰਮਚਾਰੀ ਨੂੰ ਪ੍ਰੀਖਿਆ ਕੇਂਦਰ ਵਿੱਚ ਦਾਖਲ ਹੋਣ ਦੀ ਆਗਿਆ ਨਹੀਂ ਹੈ।
17. ਪਰੀਖਿਆ ਕੇਂਦਰ ਖੋਲ੍ਹਣ ਵਾਲੇ ਦਿਨ ਡਿਊਟੀ ਤੇ ਤਾਇਨਾਤ ਹਰ ਇੱਕ ਅਧਿਕਾਰੀ ਤੋਂ ਉਹਨਾਂ ਦੇ ਸ਼ਨਾਖਤੀ ਕਾਰਡ ਦੀ ਫੋਟੋ ਕਾਪੀ /ਸੰਸਥਾ ਮੁਖੀ ਵੱਲੋਂ ਜਾਰੀ ਕੀਤੀ ਗਈ ਫਾਰਗੀ ਸਲਿਪ ਲੈ ਕੇ ਪਰੀਖਿਆ ਸਮੇਂ ਦੌਰਾਨ ਆਪਣੇ ਕੋਲ ਰੱਖੀਆਂ ਜਾਣ ਅਤੇ ਪਰੀਖਿਆ ਸਮਾਪਤੀ ਉਪਰੰਤ ਲਾਸਟ ਪੈਕਟ ਵਿੱਚ ਪਾ ਕੇ ਮੁੱਖ ਦਫਤਰ ਨੂੰ ਭੇਜੀਆਂ ਜਾਣ। ਕਿਉਂਕਿ ਆਰ.ਟੀ.ਆਈ ਅਧੀਨ ਇਹਨਾਂ ਦਸਤਾਵੇਜਾਂ ਦੀ ਕਦੇ ਵੀ ਲੋੜ ਪੈ ਸਕਦੀ ਹੈ।

CamScanner

18. ਪਰੀਖਿਆ ਦੌਰਾਨ ਪਰੀਖਿਆਰਥੀਆਂ ਨੂੰ ਪਾਣੀ ਪਿਲਾਉਣ ਲਈ ਪਰੀਖਿਆ ਸ਼ੁਰੂ ਹੋਣ ਤੋਂ ਪਹਿਲਾਂ ਹੀ ਹਾਲ ਕਮਰਿਆਂ ਵਿੱਚ ਪ੍ਰਬੰਧਤ ਕਰ ਲਿਆ ਜਾਵੇ ਤਾਂ ਜੋ ਵਾਟਰ ਮੈਨ ਦੇ ਵਾਰ-ਵਾਰ ਪਰੀਖਿਆ ਕੇਂਦਰ ਤੋਂ ਅੰਦਰ/ਬਾਹਰ ਜਾਣ ਤੇ ਕੰਟਰੋਲ ਕੀਤਾ ਜਾ ਸਕੇ। ਪਰੀਖਿਆ ਕੇਂਦਰ ਦੇ ਮੇਨਗੇਟ ਉੱਤੇ ਹਰ ਸਮੇਂ ਦਰਜਾ ਚਾਰ ਕਰਮਚਾਰੀ ਤਾਇਨਾਤ ਕੀਤਾ ਜਾਵੇ। ਕਿਸੇ ਵੀ ਹਾਲਤ ਵਿੱਚ ਗੇਟ ਨੂੰ ਤਾਲਾ ਨਾ ਲਗਾਇਆ ਜਾਵੇ ਤਾਂ ਜੋ ਉਡਣ ਦਸਤਾ ਮੁੱਖੀਆਂ ਨੂੰ ਪਰੀਖਿਆ ਕੇਂਦਰ ਤੱਕ ਪਹੁੰਚਣ ਵਿੱਚ ਕੋਈ ਵੀ ਦਿਕਤ ਪੇਸ਼ ਨਾ ਆਵੇ। ਜੇਕਰ ਕਿਸੇ ਪਰੀਖਿਆ ਕੇਂਦਰ ਵਿੱਚ ਨਕਲ ਦਾ ਰੁਝਾਨ ਪਾਇਆ ਜਾਂਦਾ ਹੈ, ਇਸ ਦੀ ਪੁਸ਼ਟੀ ਉਡਣ ਦਸਤੇ ਮੁਖੀ ਵੱਲੋਂ ਕੀਤੀ ਜਾਂਦੀ ਹੈ ਤਾਂ ਸਬੰਧਤ ਦੋਸ਼ੀ ਅਮਲੇ ਵਿਰੁੱਧ ਬਣਦੀ ਅਨੁਸ਼ਾਸ਼ਨੀ ਕਾਰਵਾਈ ਕਰਨ ਲਈ ਨਿਯੁਕਤੀਕਾਰ ਨੂੰ ਲਿਖ ਦਿੱਤਾ ਜਾਵੇਗਾ।

19. **ਪਰੀਖਿਆ ਕੇਂਦਰ ਵਿਚ ਨਕਲ ਜਾ ਅਣਸੁਖਾਵੇਂ ਮਾਹੌਲ ਦੇ ਪੈਦਾ ਕੀਤੇ ਜਾਣ ਕਾਰਨ ਵਿਸ਼ੇ ਦੀ ਪਰੀਖਿਆ ਰੱਦ ਹੋਣ ਦੀ ਸੂਰਤ ਵਿੱਚ ਡਿਊਟੀ ਦੇ ਰਹੇ ਸਮੂੱਚੇ ਸਟਾਫ਼ ਖਿਲਾਫ (ਸੇਵਾਦਾਰ ਅਤੇ ਕਲੈਰੀਕਲ ਕੰਮ ਕਰਨ ਵਾਲੇ ਅਮਲੇ ਨੂੰ ਛੱਡ ਕੇ) ਜਿੱਥੇ ਸਮੂਹਿਕ ਨਕਲ ਦੀ ਪੋਖਾਧੜੀ ਕਰਵਾਉਣ ਤਹਿਤ/ ਡਿਊਟੀ ਪ੍ਰਤੀ ਵਫਾਦਾਰੀ ਨਾ ਰੱਖਣ, ਅਨੈਤਿਕ ਕੰਮ ਵਿਚ ਸ਼ਮੂਲੀਅਤ, ਬੋਰਡ ਦਫ਼ਤਰ ਵਲੋ ਵਾਰ ਵਾਰ ਜਾਰੀ ਨਿਯਮਤ ਹਦਾਇਤਾਂ ਦੀ ਉੱਲਘਣਾ ਕਰਨ, ਗ਼ਲਤ ਕੰਮ ਲਈ ਸਹਿਮਤੀ ਦੇਣ ਆਦਿ ਬਾਰੇ ਵਿਭਾਗੀ ਕਾਰਵਾਈ ਹੋਵੇਗੀ, ਉਥੇ ਨਾਲ ਹੀ ਪਰੀਖਿਆ ਮੁੜ ਕਰਾਉਣ ਤੇ ਹੋਣ ਵਾਲੇ ਵਿੱਤੀ ਖਰਚੇ ਦੀ ਪ੍ਰਤੀ ਪੂਰਤੀ ਵੀ ਉਸ ਦਿਨ ਲਈ ਤਾਇਨਾਤ ਡਿਊਟੀ ਸਟਾਫ਼ ਤੋ ਕੀਤੀ ਜਾਵੇਗੀ।**

20. **ਕਿਸੇ ਵੀ ਪਰੀਖਿਆਰਥੀ ਨੂੰ ਪਰੀਖਿਆ ਦੇ ਅੱਧੇ ਸਮੇਂ ਤੋਂ ਪਹਿਲਾਂ ਪਰੀਖਿਆ ਕੇਂਦਰ ਛੱਡਣ ਦੀ ਆਗਿਆ ਨਾ ਦਿੱਤੀ ਜਾਵੇ। ਜਿਹੜੇ ਪਰੀਖਿਆਰਥੀ ਸਮੇਂ ਤੋਂ ਪਹਿਲਾਂ ਪਰੀਖਿਆ ਹਾਲ ਛੱਡ ਕੇ ਜਾਣ ਉਹਨਾਂ ਕੋਲੋਂ ਪ੍ਰਸ਼ਨ ਪੱਤਰ ਉੱਤੇ ਰੋਲ ਨੰ ਲਿਖਵਾ ਕੇ ਸੁਪਰਡੰਟ ਵਾਪਸ ਲੈ ਲਵੇ। ਕਿਉਂਕਿ ਇਸ ਤਰ੍ਹਾਂ ਪ੍ਰਸ਼ਨ ਪੱਤਰ ਬਾਹਰ ਸੋਸ਼ਲ ਮੀਡੀਆ ਆਦਿ ਤੇ ਆਊਟ ਹੋਣ ਦਾ ਖਦਸ਼ਾ ਰਹਿੰਦਾ ਹੈ ਅਤੇ ਵਿਦਿਆਰਥੀਆਂ ਨੂੰ ਨਜਾਇਜ ਮਦਦ ਮਿਲਣ ਦੀ ਸੰਭਾਵਨਾ ਹੁੰਦੀ ਹੈ।**

21. **ਜੇਕਰ ਪਰੀਖਿਆਰਥੀ ਪਰੀਖਿਆ ਸਮੇਂ ਤੋਂ ਇੱਕ ਘੰਟਾ ਪਹਿਲਾਂ ਉੱਤਰ ਪੱਤਰੀ ਨਿਗਰਾਨ ਨੂੰ ਸੌਂਪਦਾ ਹੈ ਤਾਂ ਪ੍ਰਸ਼ਨ ਪੱਤਰ ਦੇ ਹਰੇਕ ਪਾਰਟ ਤੇ ਰੋਲ ਨੰ. ਦਰਜ ਕਰਵਾਇਆ ਜਾਵੇ। ਅਜਿਹੇ ਪਰੀਖਿਆਰਥੀਆਂ ਦੇ ਹਸਤਾਖਰ ਚਾਰਟ ਤੇ ਵੀ ਸਮਾਂ ਦਰਜ ਕਰਵਾਉਂਣਾ ਯਕੀਨੀ ਬਣਾਇਆ ਜਾਵੇ।**

22. **ਦੇਖਣ ਵਿੱਚ ਆਇਆ ਹੈ ਕਿ ਨਿਗਰਾਨ ਅਮਲੇ ਵੱਲੋਂ ਪਰੀਖਿਆਰਥੀਆਂ ਨੂੰ ਸਮੇਂ ਤੋਂ ਪਹਿਲਾਂ ਹੱਲ ਹੋਈ ਉੱਤਰ ਪੱਤਰੀ ਦੇਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ, ਅਜਿਹਾ ਨਾ ਕੀਤਾ ਜਾਵੇ। ਪਰੀਖਿਆਰਥੀਆਂ ਨੂੰ ਪਰੀਖਿਆ ਦਾ ਪੂਰਾ ਸਮਾਂ ਦਿੱਤਾ ਜਾਵੇ।**

23. ਜੇਕਰ ਪਰੀਖਿਆਵਾਂ ਦੌਰਾਨ ਪਰੀਖਿਆ ਕੇਂਦਰ ਅੰਦਰ ਯੂ.ਐਮ.ਸੀ. ਕੇਸ ਬਣਦਾ ਹੈ ਤਾਂ ਕੇਸ ਹੱਲ ਹੋਣ ਤੱਕ ਸੈਂਟਰ ਸੁਪਰਡੰਟ ਦੇ ਮਿਹਨਤਾਨੇ ਦੀ ਅਦਾਇਗੀ ਨਹੀਂ ਕੀਤੀ ਜਾਵੇਗੀ।

24. ਕੇਂਦਰ ਸੁਪਰਡੰਟ ਦੇ ਮਿਹਨਤਾਨੇ ਦੀ ਅਦਾਇਗੀ ਸਿੱਧੇ ਤੌਰ ਤੇ ਬੈਂਕ ਖਾਤੇ ਵਿੱਚ ਕੀਤੀ ਜਾਣੀ ਹੈ। ਇਸ ਲਈ ਬਿਲ ਤਿਆਰ ਕਰਦੇ ਸਮੇਂ ਡਿਊਟੀ ਤੇ ਤਾਇਨਾਤ ਸੁਪਰਡੰਟ ਦਾ ਬੈਂਕ ਖਾਤਾ, ਬੈਂਕ ਦਾ ਨਾਂ ਅਤੇ IFSC ਕੋਡ ਜਰੂਰ ਦਰਜ ਕਰਨ ਦੇ ਨਾਲ ਨਾਲ ਕੈਂਸਲ ਚੈੱਕ ਵੀ ਨੱਥੀ ਕੀਤਾ ਜਾਵੇ । ਉਪਰੰਤ ਇਹ ਬਿੱਲ ਜਿਲ੍ਹਾ ਮੈਨੇਜਰ, ਖੇਤਰੀ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ ਕੋਲ ਪਰੀਖਿਆ ਸਮਾਪਤ ਹੋਣ ਦੇ 15 ਦਿਨਾਂ ਦੇ ਅੰਦਰ – ਅੰਦਰ ਜਮ੍ਹਾਂ ਕਰਵਾਏ ਜਾਣ। ਬਿਲ ਨਿਰਧਾਰਿਤ ਮਿਤੀ ਤੱਕ ਨਾ ਪ੍ਰਾਪਤ ਹੋਣ ਦੀ ਸੂਰਤ ਵਿੱਚ ਕੋਈ ਅਦਾਇਗੀ ਨਹੀਂ ਕੀਤੀ ਜਾਵੇਗੀ। ਨਿਗਰਾਨ ਅਮਲਾ ਸਬੰਧਤ ਸਕੂਲ ਦਾ ਹੀ ਹੋਵੇਗਾ। ਡਿਪਟੀ ਸੁਪਰਡੰਟ ਅਤੇ ਨਿਗਰਾਨ ਅਮਲੇ ਨੂੰ ਕੋਈ ਅਦਾਇਗੀ ਨਹੀਂ ਕੀਤੀ ਜਾਵੇਗੀ।

25. ਪਰੀਖਿਆ ਦੌਰਾਨ ਕਿਸੇ ਵੀ ਪਰੀਖਿਆਰਥੀ ਦੇ ਬੂਟ ਅਤੇ ਜੁਰਾਬਾਂ ਨਾ ਖੁੱਲ੍ਹਵਾਏ ਜਾਣ ਅਤੇ ਕਿਸੇ ਦੀ ਧਾਰਮਿਕ ਭਾਵਨਾ ਨੂੰ ਠੇਸ ਨਾ ਪਹੁੰਚਾਈ ਜਾਵੇ (ਧਾਰਮਿਕ ਚਿਨ੍ਹ ਨਾ ਉਤਰਵਾਏ ਜਾਣ)। ਲੋੜ ਪੈਣ ਤੇ ਲੜਕੀਆਂ ਦੀ ਤਲਾਸ਼ੀ ਇਸਤਰੀ ਨਿਗਰਾਨ ਤੋਂ ਹੀ ਕਰਵਾਈ ਜਾਵੇ।

26. ਪਰੀਖਿਆ ਕੇਂਦਰ ਵਿੱਚ ਸਮੂਹ ਨਿਗਰਾਨ ਅਮਲਾ ਅਤੇ ਪਰੀਖਿਆਰਥੀ ਮੋਬਾਇਲ ਫੋਨ/ ਜਾਂ ਕਿਸੇ ਵੀ ਕਿਸਮ ਦੀ ਇਲੈਕਟ੍ਰੋਨਿਕਸ ਡਿਵਾਈਸ ਨਹੀਂ ਲੈ ਕੇ ਜਾ ਸਕਦਾ। ਕੇਵਲ ਕੇਂਦਰ ਸੁਪਰਡੰਟ, ਅਬਜ਼ਰਵਰ, ਫਲਾਇੰਗ ਸਕੁਐਡ ਨੂੰ ਪਰੀਖਿਆ ਕੇਂਦਰ ਅੰਦਰ ਮੋਬਾਇਲ ਫੋਨ ਲਿਜਾਣ ਦੀ ਆਗਿਆ ਹੋਵੇਗੀ (ਵਿਦਿਆਰਥੀਆਂ ਦੇ ਰੋਲ ਨੰ ਸਕੈਨਰ ਐਪ ਰਾਹੀਂ ਵੈਰੀਫਾਈ ਕਰਨ)।ਪਰੀਖਿਆ ਨਾਲ ਸਬੰਧਤ ਹੋਰ ਅਮਲੇ/ਸਟਾਫ ਦੇ ਮੋਬਾਇਲ ਫੋਨ ਰੱਖਣ ਲਈ ਕੇਂਦਰ ਕੰਟਰੋਲਰ ਵੱਲੋਂ ਅਲੱਗ ਤੋਂ ਇੰਤਜਾਮ ਕਰਵਾਇਆ ਜਾਵੇਗਾ।

   a) ਜੇਕਰ ਕੋਈ ਅਧਿਆਪਕ ਪਰੀਖਿਆ ਕੇਂਦਰ ਵਿੱਚ ਮੋਬਾਇਲ/ਇਲੈਕਟ੍ਰੋਨਿਕ ਡਿਵਾਈਸ ਲੈ ਕੇ ਜਾਂਦਾ ਹੈ ਤਾਂ ਉਸ ਵਿਰੁੱਧ ਵਿਭਾਗੀ ਕਾਰਵਾਈ ਲਈ ਸਬੰਧਤ ਅਥਾਰਟੀ ਨੂੰ ਲਿਖਿਆ ਜਾਵੇਗਾ।
   b) ਜੇਕਰ ਕੋਈ ਪਰੀਖਿਆਰਥੀ ਪਰੀਖਿਆ ਕੇਂਦਰ ਵਿੱਚ ਮੋਬਾਇਲ / ਇਲੈਕਟ੍ਰੋਨਿਕ ਡਿਵਾਈਸ ਲੈ ਕੇ ਜਾਂਦਾ ਹੈ ਤਾਂ ਉਸ ਵਿਰੁੱਧ ਅਣ – ਉਚਿਤ ਸਾਧਨਾਂ ਦੀ ਵਰਤੋਂ ਕਰਨ ਤਹਿਤ ਕੇਸ ਦਰਜ ਕੀਤਾ ਜਾਵੇਗਾ।

27. ਕੇਂਦਰ ਸੁਪਰਡੰਟ ਦੀ ਇੱਕ ਜਾਂ ਦੋ ਦਿਨ ਦੀ ਗੈਰ-ਹਾਜ਼ਰੀ/ ਛੁੱਟੀ ਦੇ ਸਮੇਂ ਤੇ ਡਿਪਟੀ ਸੁਪਰਡੰਟ ਜੋ ਕਿ ਆਪਣੀ ਡਿਊਟੀ ਦੇ ਨਾਲ-ਨਾਲ ਕੇਂਦਰ ਸੁਪਰਡੰਟ ਦੀ ਡਿਊਟੀ ਵੀ ਨਿਭਾਏਗਾ। ਜੇਕਰ ਕੇਂਦਰ ਸੁਪਰਡੰਟ 2 ਦਿਨਾਂ ਤੋਂ ਵੱਧ ਛੁੱਟੀ ਲੈਂਦੇ ਹਨ ਫਿਰ ਨਿਯਮਾਂ ਅਨੁਸਾਰ ਬਦਲਵਾ ਪ੍ਰਬੰਧ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕੀਤਾ ਜਾਵੇਗਾ।

28. ਜੇਕਰ ਕਿਸੇ ਨਿਗਰਾਨ ਅਮਲੇ ਵੱਲੋਂ ਤਹਾਡੇ ਧਿਆਨ ਵਿੱਚ ਲਿਆ ਜਾਂਦਾ ਹੈ ਕਿ ਉਸ ਦਾ ਪੜ੍ਹਾਇਆ / ਨਜ਼ਦੀਕੀ ਰਿਸ਼ਤੇਦਾਰ ਡਿਊਟੀ ਵਾਲੇ ਕੇਂਦਰ ਵਿੱਚ ਪਰੀਖਿਆ ਦੇ ਰਿਹਾ ਹੈ ਤਾਂ ਉਸ ਨੂੰ ਤੁਰੰਤ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਨਾਲ ਸੰਪਰਕ ਕਰਨ ਲਈ ਕਿਹਾ ਜਾਵੇ।

29. ਉੱਤਰ-ਪੱਤਰੀਆਂ ਦੇ ਪੈਕਟ ਉੱਪਰ ਜਾਣਕਾਰੀ-ਦਸਵੀਂ ਲਈ ਨੀਲੇ ਰੰਗ ਦੇ ਮਾਰਕਰ ਨਾਲ ਅਤੇ ਬਾਰ੍ਹਵੀਂ ਲਈ ਲਾਲ ਰੰਗ ਦੇ ਮਾਰਕਰ ਨਾਲ ਲਿਖਿਆ ਜਾਵੇ।

30. ਪ੍ਰੀਖਿਆ ਵਾਲੇ ਦਿਨ ਵੱਖ ਵੱਖ ਵਿਸ਼ਿਆਂ ਦੇ ਸਬ ਪੈਕਟ ਬਣਾ ਕੇ ਇਹਨਾਂ ਸਬ ਪੈਕਟਾਂ ਨੂੰ ਇੱਕ ਮੇਨ ਪੈਕਟ ਵਿਚ ਸੀਲਬੰਦ ਕੀਤਾ ਜਾਵੇ ।ਮੇਨ ਪੈਕਟ ਉੱਤੇ ਸਬ ਪੈਕਟਾਂ ਦੇ ਵੇਰਵੇ ਦਰਜ਼ ਕਰਨੇ ਯਕੀਨੀ ਬਣਾਏ ਜਾਣ ।

31. ਵਿਲੱਖਣ ਸਮਰੱਥਾ ਵਾਲੇ 11 ਕੈਟਾਗਰੀਜ਼ Visual Impairment, (Low Vision and Blindness), Hearing Impairment, Intellectual Disability, Autism Spectrum Disorder (ASD), Cerebral Palsy, Chronic Neurological Conditions, Specific Learning Disability, Multiple Disability including Deaf-blindness, Parkinson's Disease and Mental Illness ਪਰੀਖਿਆਰਥੀਆਂ ਨੂੰ ਵੱਖਰਾ ਪ੍ਰਸ਼ਨ ਪੱਤਰ (DA Code) ਦਿੱਤਾ ਜਾਵੇਗਾ। ਇਸੇ ਤਰ੍ਹਾਂ ਵਿਲੱਖਣ ਸਮਰੱਥਾ ਰੱਖਣ ਵਾਲੇ 10

CamScanner

ਕੈਟਾਗਰੀਜ਼ Acid Attack Victim, Dwarfism, Hemophilia, Leprosy Cured Person, Locomoter Disability, Multiple Sclerosis, Muscular Dystrophy, Sickle Cell Disease, Speech and Language Disability, Thalassemia ਪਰੀਖਿਆਰਥੀਆਂ ਨੂੰ ਆਮ ਪਰੀਖਿਆਰਥੀਆਂ ਵਾਲਾ ਪ੍ਰਸ਼ਨ ਪੱਤਰ ਦਿੱਤਾ ਜਾਣਾ ਹੈ। ਵਿਲੱਖਣ ਸਮਰੱਥਾ ਵਾਲੇ ਸਾਰੇ ਪਰੀਖਿਆਰਥੀਆਂ ਨੂੰ ਪੇਪਰ ਹੱਲ ਕਰਨ ਲਈ ਹਰੇਕ ਇੱਕ ਘੰਟੇ ਪਿੱਛੇ 20 ਮਿੰਟ ਦਾ ਵਾਧੂ ਸਮਾਂ ਦਿੱਤਾ ਜਾਣਾ ਹੈ ਅਤੇ ਲੋੜ ਅਨੁਸਾਰ ਅਜਿਹੇ ਪਰੀਖਿਆਰਥੀਆਂ ਨੂੰ ਲਿਖਾਰੀ (scribe) ਦੀ ਪ੍ਰਵਾਨਗੀ ਆਪ ਵੱਲੋਂ ਦਿੱਤੀ ਜਾਵੇਗੀ। ਅਜਿਹੇ ਪਰੀਖਿਆਰਥੀਆਂ ਦੀਆਂ ਉੱਤਰ-ਪੱਤਰੀਆਂ ਦੇ ਪੈਕਟ ਵੱਖਰੇ ਤੌਰ ਤੇ ਸੀਲਬੰਦ ਕਰਕੇ ਇਕੱਤਰ ਕੇਂਦਰ ਤੇ ਭੇਜੇ ਜਾਣ।

32. ਉਪਰੋਕਤ ਲੜੀ ਨੰਬਰ 31 ਤੋਂ ਇਲਾਵਾ ਜੇਕਰ ਕਿਸੇ ਪ੍ਰੀਖਿਆਰਥੀ ਨੂੰ ਲਿਖਾਰੀ ਦੀ ਜ਼ਰੂਰਤ ਹੈ ਤਾਂ ਮੁੱਖ ਦਫਤਰ/ਖੇਤਰੀ ਦਫਤਰ ਵਿਖੇ 100/- ਪ੍ਰਤੀ ਸ਼ੈਸ਼ਨ ਫੀਸ ਜਮ੍ਹਾਂ ਕਰਵਾਉਣ ਉਪਰੰਤ ਲਿਖਾਰੀ ਦੀ ਸੁਵਿਧਾ ਪ੍ਰਾਪਤ ਕੀਤੀ ਜਾ ਸਕਦੀ ਹੈ ਪ੍ਰੰਤੂ ਲਿਖਾਰੀ ਪ੍ਰਦਾਨ ਕਰਨ ਦਾ ਪੂਰਾ ਅਧਿਕਾਰ ਕੇਂਦਰ ਸੁਪਰਡੰਟ ਕੋਲ ਹੋਵੇਗਾ ।ਕੇਂਦਰ ਸੁਪਰਡੰਟ ਪ੍ਰੀਖਿਆਰਥੀ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਨੂੰ ਦੇਖਦੇ ਹੋਏ ਜੇਕਰ ਉਚਿਤ ਸਮਝਣ ਤਾਂ ਲਿਖਾਰੀ ਦੀ ਸੁਵਿਧਾ ਦੇ ਸਕਦੇ ਹਨ ।
33. ਪਰੀਖਿਆ ਕੇਂਦਰ ਲਈ ਸਿੰਗਲ ਬੈਂਚ /ਸਿੰਗਲ ਪਰੀਖਿਆਰਥੀ ਦੀ ਸ਼ਰਤ ਰੱਖੀ ਗਈ ਸੀ। ਉਸੇ ਅਧਾਰ ਤੇ ਸਿੰਗਲ ਬੈਂਚ/ਸਿੰਗਲ ਪਰੀਖਿਆਰਥੀ ਬਿਠਾਇਆ ਜਾਵੇ।
34. ਲੋੜੀਂਦੇ ਡੈਸਕ/ ਬੈਚਾਂ ਲਈ ਕੇਂਦਰ ਕੰਟਰੋਲਰ ਨਾਲ ਸੰਪਰਕ ਕੀਤਾ ਜਾਵੇ। ਕੋਈ ਵੀ ਪਰੀਖਿਆਰਥੀ ਫਰਸ਼ ਤੇ ਬੈਠ ਕੇ ਪਰੀਖਿਆ ਨਹੀਂ ਦੇਵੇਗਾ।
35. ਜੇਕਰ ਆਪ ਦੇ ਪਰੀਖਿਆ ਕੇਂਦਰ ਵਿਖੇ ਕੋਈ ਵਿਲੱਖਣ ਸਮੱਰਥਾ ਵਾਲਾ ਪਰੀਖਿਆਰਥੀ ਪੇਪਰ ਦੇ ਰਿਹਾ ਹੈ ਤਾਂ ਉਸ ਦੀ ਪਰੀਖਿਆ ਗਰਾਊਂਡ ਫਲੋਰ ਤੇ ਹੀ ਇੱਕ ਵੱਖਰੇ ਕਮਰੇ ਵਿੱਚ ਲਈ ਜਾਵੇ ਅਤੇ ਉਸ ਲਈ ਵਾਧੂ ਨਿਗਰਾਨ ਉਪਲੱਬਧ ਕਰਵਾਇਆ ਜਾਵੇ।
36. ਕੇਂਦਰ ਕੰਟਰੋਲਰ, ਕੇਂਦਰ ਸੁਪਰਡੰਟ ਲਈ ਹਦਾਇਤਾਂ ਅਤੇ ਪਰੀਖਿਆ ਨਾਲ ਸਬੰਧਤ ਪ੍ਰਫਾਰਮੇ ਸਕੂਲ Login ID ਤੇ ਅਪ-ਲੋਡ ਕਰਵਾਏ ਗਏ ਹਨ। ਇਨ੍ਹਾਂ ਨੂੰ ਕੇਂਦਰ ਕੰਟਰੋਲਰ ਤੋਂ ਪ੍ਰਾਪਤ ਕਰ ਲਿਆ ਜਾਵੇ।
37. ਇਹਨਾਂ ਪਰੀਖਿਆਵਾਂ ਵਿੱਚ ਸਕੂਲ Center Login ਰਾਹੀਂ ਹਰ ਰੋਜ਼ ਪਰੀਖਿਆ ਡਿਊਟੀ ਤੇ ਹਾਜਰ ਸਮੂਹ ਸਟਾਫ ਦੀ ਹਾਜਰੀ Online Portal ਰਾਹੀਂ ਭੇਜਣੀ ਯਕੀਨੀ ਬਣਾਈ ਜਾਵੇ। ਇਸ ਸਬੰਧੀ ਪੋਰਟਲ ਦਾ ਲਿੰਕ ਪਰੀਖਿਆਵਾਂ ਸ਼ੁਰੂ ਹੋਣ ਤੋਂ ਪਹਿਲਾਂ School Login ਵਿੱਚ Live ਕਰ ਦਿੱਤਾ ਜਾਵੇਗਾ।
38. ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਨਾਲ ਸਬੰਧਤ ਹਸਤਾਖਰ ਚਾਰਟ ਲਾਸਟ ਪੈਕਟ ਨਾਲ ਵੱਖਰਾ-ਵੱਖਰਾ ਲਿਫਾਫਾ ਤਿਆਰ ਕਰਕੇ ਕੋਲੈਕਸ਼ਨ ਸੈਂਟਰ ਤੇ ਜਮ੍ਹਾਂ ਕਰਵਾਇਆ ਜਾਵੇ।
39. ਨਵੀਆਂ ਹਦਾਇਤਾਂ ਅਤੇ ਪਰੀਖਿਆਵਾਂ ਸਬੰਧੀ ਹਰ ਰੋਜ਼ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈੱਬਸਾਈਟ www.pseb.ac.in ਅਤੇ ਸਕੂਲ ਲਾਗ-ਇੰਨ ਆਈ.ਡੀ. ਤੇ ਚੈੱਕ ਕੀਤੀ ਜਾਵੇ।
40. ਅਣ-ਅਧਿਕਾਰਿਤ ਵਿਅਕਤੀ ਨੂੰ ਕੇਂਦਰ ਵਿੱਚ ਦਾਖ਼ਲ ਨਾ ਹੋਣ ਦਿੱਤਾ ਜਾਵੇ।

ਨੱਥੀ - ਕੰਡਕਟ ਸ਼ਾਖਾ ਦੀ ਕੰਸੋਲੀਡੇਸ਼ਨ ਨਾਲ ਸਬੰਧਤ ਸੁਪਰਡੰਟ ਅਤੇ ਡੀਲਿੰਗ ਸਹਾਇਕਾਂ ਦੇ ਮੋਬਾਇਲ ਨੰਬਰ।

30/6/26

ਸਹਾਇਕ ਸਕੱਤਰ
ਪੰਜਾਬ ਸਕੂਲ ਸਿੱਖਿਆ ਬੋਰਡ

CamScanner